# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ:04-04-2024**

ਭਾਰਤੀ ਚੋਣ ਕਮਿਸ਼ਨ ਦੀ ਟੀਮ ਨੇ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਕਪਤਾਨਾਂ ਨੂੰ ਲੋਕ ਸਭਾ ਚੋਣਾਂ-2024 ਦੌਰਾਨ ਸੂਬੇ ਵਿੱਚ ਨਸ਼ੇ, ਨਕਦੀ ਅਤੇ ਸ਼ਰਾਬ ਦੀ ਤਸਕਰੀ ਰੋਕਣ ਲਈ ਨਿਗਰਾਨੀ ਵਧਾਉਣ ਦੇ ਨਿਰਦੇਸ਼ ਦਿੱਤੇ ਨੇ। ਕਲ ਚੰਡੀਗੜ ਵਿੱਚ ਉੱਪ ਚੋਣ ਕਮਿਸ਼ਨਰ ਹਿਰਦੇਸ਼ ਕੁਮਾਰ ਦੀ ਅਗਵਾਈ ਵਿੱਚ ਹੋਈ ਇਕ ਮੀਟਿੰਗ ਵਿੱਚ ਚੋਣ ਕਮਿਸ਼ਨ ਦੀ ਟੀਮ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਵੋਟ ਪ੍ਰਤੀਸ਼ਤਤਾ ਵਧਾਉਣ ਲਈ ਪੋਲਿੰਗ ਸਟੇਸ਼ਨਾਂ 'ਤੇ ਸਾਰੇ ਜਰੂਰੀ ਪ੍ਰਬੰਧ ਕਰਨ ਅਤੇ ਵੋਟਿੰਗ ਦੌਰਾਨ ਸੁਰੱਖਿਆ ਡਿਊਟੀ 'ਤੇ ਬਾਹਰੋਂ ਆਉਣ ਵਾਲੇ ਕੇਂਦਰੀ ਬਲਾਂ ਦੇ ਜਵਾਨਾਂ ਦੇ ਰਹਿਣ ਲਈ ਵੀ ਪੁਖਤਾ ਪ੍ਰਬੰਧ ਯਕੀਨੀ ਬਣਾਉਣ। ਇਸ ਦੌਰਾਨ ਸਾਰੇ ਜ਼ਿਲ੍ਹਿਆਂ ਦੇ ਪੁਲਿਸ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ

ਕਪਤਾਨਾਂ ਤੋਂ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਸ਼ਰਾਬ ਅਤੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਸਬੰਧੀ ਵਿਸਤ੍ਰਿਤ ਜਾਣਕਾਰੀ ਤੋਂ ਇਲਾਵਾ ਵੱਖ-ਵੱਖ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਤੋਂ ਵੋਟਰਾਂ ਦੀ ਗਿਣਤੀ ਵਧਾਉਣ, ਵੈਬਕਾਸਟਿੰਗ ਦੇ ਪ੍ਰਬੰਧਾਂ ਅਤੇ ਪੋਲਿੰਗ ਸਟੇਸ਼ਨਾਂ 'ਤੇ ਸਾਰੀਆਂ ਤਿਆਰੀਆਂ ਕਰਨ ਲਈ ਚੁੱਕੇ ਗਏ ਕਦਮਾਂ ਬਾਰੇ ਵੀ ਜਾਣਕਾਰੀ ਹਾਸਲ ਕੀਤੀ ਗਈ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਕਮਿਸ਼ਨ ਨੂੰ ਭਰੋਸਾ ਦਿਵਾਇਆ ਕਿ ਸੂਬੇ ਵਿੱਚ ਲੋਕ ਸਭਾ ਚੋਣਾਂ ਬਿਨਾਂ ਕਿਸੇ ਦਬਾਅ, ਨਿਰਪੱਖ ਅਤੇ ਆਜ਼ਾਦ ਤਰੀਕੇ ਨਾਲ ਕਰਵਾਈਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਇਸ ਵਾਰ ਵੱਧ ਤੋਂ ਵੱਧ ਵੋਟਰਾਂ ਨੂੰ ਵੋਟਿੰਗ ਲਈ ਆਕਰਸ਼ਿਤ ਕਰਨ ਵਾਸਤੇ ਸੂਬੇ ਦੇ ਸੱਭਿਆਚਾਰ ਨੂੰ ਦਰਸਾਉਂਦੇ ਵਿਸ਼ਾ ਆਧਾਰਿਤ ਮਾਡਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ ਵਧਾਉਣ ਅਤੇ ਵੋਟਿੰਗ ਦੇ ਸਮੁੱਚੇ ਤਜ਼ਰਬੇ ਨੂੰ ਤਸੱਲੀਬਖਸ਼ ਅਤੇ ਅਨੰਦਦਾਇਕ ਬਣਾਉਣ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ। ਇਸ ਦੌਰਾਨ ਚੋਣ ਕਮਿਸ਼ਨ ਦੀ ਟੀਮ ਅਤੇ ਮੁੱਖ ਚੋਣ ਅਧਿਕਾਰੀ ਵੱਲੋਂ ਡੀਸੀ ਮਾਲੇਰਕੋਟਲਾ ਦੀ ਇੱਕ ਵਿਲੱਖਣ ਪਹਿਲਕਦਮੀ ਤਹਿਤ ਚੋਣਾਂ

ਨਾਲ ਸਬੰਧਤ ਜਾਣਕਾਰੀ ਪ੍ਰਦਾਨ ਕਰਨ ਵਾਸਤੇ 'ਬੂਥ ਰਾਬਤਾ' ਨਾਮਕ ਇੱਕ ਵਿਸ਼ੇਸ਼ ਐਪਲੀਕੇਸ਼ਨ ਤਿਆਰ ਕਰਨ ਲਈ ਸ਼ਲਾਘਾ ਕੀਤੀ ਗਈ, ਜਿਸ ਵਿੱਚ ਨਜ਼ਦੀਕੀ ਪੁਲਿਸ ਸਟੇਸ਼ਨ, ਹਸਪਤਾਲ, ਐਂਬੂਲੈਂਸ ਸੇਵਾ, ਸਕੂਲ ਦੇ ਪ੍ਰਿੰਸੀਪਲਾਂ/ਬਿਲਡਿੰਗ ਇੰਚਾਰਜ ਨਾਲ ਸੰਪਰਕ, ਦਿਵਯਾਂਗ ਵਿਅਕਤੀਆਂ ਨੂੰ ਵੋਟਿੰਗ ਲਈ ਸਹਾਇਤਾ ਪ੍ਰਦਾਨ ਕਰਨਾ ਅਤੇ ਆਪਣੇ ਬੀ.ਐਲ.ਓ. ਨੂੰ ਜਾਣਨਾ ਸ਼ਾਮਲ ਏ।

---------------------------------------------------

ਲੁਧਿਆਣਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨੌਜਵਾਨਾਂ ਖਾਸ ਕਰਕੇ ਪਹਿਲੀ ਵਾਰ ਵੋਟਰਾਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹੇ ਭਰ ਦੀਆਂ ਵਿੱਦਿਅਕ ਸੰਸਥਾਵਾਂ ਵਿੱਚ ਪੋਸਟਰ ਮੇਕਿੰਗ, ਰੰਗੋਲੀ ਅਤੇ 'ਮਹਿੰਦੀ' ਮੁਕਾਬਲੇ ਕਰਵਾਏ ਜਾ ਰਹੇ ਨੇ। ਇਸ ਦਾ ਉਦੇਸ਼ ਲੋਕ ਸਭਾ ਚੋਣਾਂ - 2024 ਦੀਆਂ ਚੋਣਾਂ ਦੌਰਾਨ ਵੱਧ ਤੋਂ ਵੱਧ ਭਾਈਵਾਲੀ ਨੂੰ ਯਕੀਨੀ ਬਣਾਉਣਾ ਅਤੇ ਲੋਕ ਸਭਾ ਚੋਣਾਂ ਦੌਰਾਨ ਇਸ ਵਾਰ, 70 ਪਾਰ ਤੋਂ ਵੱਧ ਵੋਟਰਾਂ ਦੇ ਮਤਦਾਨ ਦੇ ਟੀਚੇ ਨੂੰ ਪ੍ਰਾਪਤ ਕਰਨਾ ਏ। ਭਗਵਾਨ ਮਹਾਂਵੀਰ ਹੋਮਿਓਪੈਥਿਕ ਕਾਲਜ ਜਗਰਾਉਂ ਦੇ ਕਮਾਲਪੁਰਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੈਣੀ

ਦਰੇੜਾ (ਰਾਏਕੋਟ) ਸਮੇਤ ਵੱਖ-ਵੱਖ ਵਿੱਦਿਅਕ ਸੰਸਥਾਵਾਂ ਵਿੱਚ ਕਲ ਪੋਸਟਰ ਮੇਕਿੰਗ, ਰੰਗੋਲੀ ਅਤੇ ਮਹਿੰਦੀ ਮੁਕਾਬਲੇ ਕਰਵਾਏ ਗਏ। ਇਨ੍ਹਾਂ ਜਾਗਰੂਕਤਾ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੂੰ ਲੋਕ ਸਭਾ ਚੋਣਾਂ-2024 ਦੌਰਾਨ ਸਰਗਰਮ ਭਾਈਵਾਲੀ ਯਕੀਨੀ ਬਣਾਉਣ ਲਈ ਸਹੁੰ ਵੀ ਚੁਕਾਈ ਗਈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਯੋਗ ਨੌਜਵਾਨਾਂ ਦੀਆਂ ਨਵੀਆਂ ਵੋਟਾਂ ਬਣਾਉਣ ਲਈ ਵਿਦਿਅਕ ਸੰਸਥਾਵਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਕੈਂਪ ਵੀ ਲਗਾਏ ਜਾ ਰਹੇ ਨੇ।

-----------------------------------------------------------

ਏਧਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੁਹਾਲੀ ਜ਼ਿਲ੍ਹੇ ਵਿੱਚ ਇੱਕ ਨਵੀਂ ਪਹਿਲਕਦਮੀ ਕਰਦੇ ਹੋਏ ਚੋਣਾਂ ਦੌਰਾਨ ਨੌਜਵਾਨ ਸਟਾਫ਼ ਵਲੋਂ ਸੰਚਾਲਿਤ ਤਿੰਨ ਪੋਲਿੰਗ ਬੂਥ ਬਣਾਏ ਜਾਣਗੇ, ਜਿਹੜੇ ਚੋਣਾਂ ਦੇ ਇਤਿਹਾਸ ਵਿੱਚ ਆਪਣੀ ਕਿਸਮ ਦੀ ਮਿਸਾਲ ਹੋਵੇਗੀ। ਜ਼ਿਲੇ ਦੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪਹਿਲੀ ਵਾਰ

ਬਣੇ ਵੋਟਰਾਂ ਅਤੇ ਨੌਜਵਾਨ ਵੋਟਰਾਂ ਨੂੰ ਹੁਲਾਰਾ ਦੇਣ ਲਈ ਜ਼ਿਲੇ ਦੇ ਹਰੇਕ ਵਿਧਾਨ ਸਭਾ ਹਲਕੇ ਵਿੱਚ ਪੋਲਿੰਗ ਪ੍ਰਕਿਰਿਆ ਦਾ ਪ੍ਰਬੰਧਨ ਕਰਨ ਲਈ ਸਭ ਤੋਂ ਘੱਟ ਉਮਰ ਦੇ ਸਟਾਫ ਦੀ ਤਾਇਨਾਤੀ ਦੇ ਨਾਲ ਇੱਕ-ਇੱਕ ਪੋਲਿੰਗ ਬੂਥ ਸਥਾਪਿਤ ਕੀਤਾ ਜਾਵੇਗਾ।

---------------------------------------------------------------

ਇਸ ਦੌਰਾਨ ਪਟਿਆਲਾ ਜ਼ਿਲੇ ਵਿਚ ਚੋਣਾਂ ਦੌਰਾਨ 100 ਫ਼ੀਸਦੀ ਵੋਟਰਾਂ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਜ਼ਿਲ੍ਹਾ ਚੋਣ ਅਫ਼ਸਰ -ਕਮ- ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਭਰ ਵਿੱਚ ਅਪ੍ਰੈਲ ਮਹੀਨੇ ਅੰਦਰ ਕੀਤੀਆਂ ਜਾਣ ਵਾਲੀਆਂ ਸਵੀਪ ਗਤੀਵਿਧੀਆਂ ਦੀ ਸਮਾਂ ਸਾਰਣੀ ਜਾਰੀ ਕੀਤੀ ਗਈ ਏ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਕੰਚਨ ਨੇ ਦੱਸਿਆ ਕਿ ਜ਼ਿਲ੍ਹੇ ਦੇ ਵੋਟਰਾਂ ਨੂੰ ਆਪਣੇ ਵੋਟ ਦੇ ਹੱਕ ਦੀ ਵਰਤੋਂ ਪ੍ਰਤੀ ਜਾਗਰੂਕ ਕਰਨ ਲਈ ਸਵੀਪ ਗਤੀਵਿਧੀਆਂ ਲਗਾਤਾਰ ਕਰਵਾਈਆਂ ਜਾ ਰਹੀਆਂ ਨੇ। ਉਨ੍ਹਾਂ ਦੱਸਿਆ ਕਿ ਇਸ ਮਹੀਨੇ ਵਿੱਚ ਜ਼ਿਲ੍ਹੇ ਦੇ ਸਾਰੇ ਹਲਕਿਆਂ ਵਿੱਚ ਸਕੂਲਾਂ ਵਿੱਚ ਬਣੇ ਈ.ਐਲ.ਸੀ ਕਲੱਬਾਂ ਦੇ ਮੈਂਬਰਾਂ ਅਤੇ ਐਨ.ਐਸ.ਐਸ ਵਲੰਟੀਅਰਜ਼ ਵੱਲੋਂ

ਪੋਲਿੰਗ ਬੂਥਾਂ ’ਤੇ ਵੋਟਰਾਂ ਨੂੰ ਆਪਣੀ 100 ਫ਼ੀਸਦੀ ਭਾਗੀਦਾਰੀ ਲਈ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੀਆਂ ਚੋਣਾਂ ਦੌਰਾਨ ਘੱਟ ਵੋਟ ਪ੍ਰਤੀਸ਼ਤ ਵਾਲੇ ਖੇਤਰਾਂ ਵਿੱਚ ਸਵੀਪ ਟੀਮ ਵੱਲੋਂ ਵਿਸ਼ੇਸ਼ ਧਿਆਨ ਕੇਂਦਰਿਤ ਕਰਦਿਆਂ ਉਥੇ ਨੁੱਕੜ ਕਰਵਾਏ ਜਾਣਗੇ ਅਤੇ ਹਰੇਕ ਵੋਟਰ ਤੱਕ ਪਹੁੰਚ ਲਈ ਆਸ਼ਾ ਵਰਕਰਾਂ ਦਾ ਸਹਿਯੋਗ ਲਿਆ ਜਾਵੇਗਾ।

-----------------------------------------------------------

ਉਧਰ ਮਾਲੇਰਕੋਟਲਾ ਦੇ ਜ਼ਿਲ੍ਹਾ ਚੋਣ ਅਫਸਰ ਕਮ ਡਿਪਟੀ ਕਮਿਸ਼ਨਰ ਡਾ. ਪੱਲਵੀ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਨੌਜਵਾਨ ਵੋਟਰਾਂ ਨੂੰ ਜਾਗਰੂਕ ਕਰਨ ਤੇ ਵਿਦਿਆਰਥੀਆਂ ਦੀ 100 ਫੀਸਦੀ ਸਮੂਲੀਅਤ ਯਕੀਨੀ ਬਣਾਉਣ ਲਈ ਸਰਕਾਰੀ ਕਾਲਜ ਆਫ ਐਜੂਕੇਸ਼ਨ ਵਿਖੇ ਜ਼ਿਲ੍ਹਾ ਸਵੀਪ ਨੋਡਲ ਅਫਸਰ-ਕਮ- ਜ਼ਿਲ੍ਹਾ ਸਿੱਖਿਆ ਅਫਸਰ ਜਸਵਿੰਦਰ ਕੌਰ ਦੀ ਅਗਵਾਈ ਵਿੱਚ ਜ਼ਿਲ੍ਹੇ ਦੇ ਸੀਨੀਅਰ ਸਕੈਂਡਰੀ, ਹਾਈ ਅਤੇ ਮਿਡਲ ਸਕੂਲਾਂ ਦੇ ਮੁਖੀਆਂ ਦੀ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜ਼ਿਲ੍ਹੇ ਦੇ ਕਰੀਬ 94 ਸਕੂਲਾਂ ਦੇ ਮੁਖੀਆਂ ਨੇ ਇਸ ਵਿਚ ਭਾਗ ਲਿਆ। ਉਨਾਂ ਕਿਹਾ ਕਿ ਭਾਵੇਂ ਭਾਰਤ ਚੋਣ ਕਮਿਸ਼ਨ ਨੇ " ਇਸ ਵਾਰ 70 ਪਾਰ ਦਾ

ਨਾਅਰਾ" ਦਿੱਤਾ ਏ ਪਰ ਜ਼ਿਲ੍ਹਾ ਚੋਣ ਅਫਸਰ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਅਸੀਂ 80 ਪ੍ਰਤੀਸ਼ਤ ਨੂੰ ਪਾਰ ਕਰਨਾ ਦਾ ਟੀਚਾ ਰੱਖਿਆ ਏ। ਉਨ੍ਹਾਂ ਇਸ ਟੀਚੇ ਦੀ ਪ੍ਰਾਪਤੀ ਲਈ ਸਮੂਹ ਸਕੂਲਾਂ ਦੇ ਮੁਖੀਆਂ ਨੂੰ ਸਹਿਯੋਗ ਦੀ ਅਪੀਲ ਕਰਦਿਆਂ ਕਿਹਾ ਕਿ ਨਵੇਂ ਸੈਸਨ ਲਈ ਦਾਖਲਾ ਮੁਹਿੰਮ ਸ਼ੁਰੂ ਹੋ ਚੁੱਕੀ ਏ ਅਤੇ ਇਸ ਦੌਰਾਨ ਸਕੂਲਾਂ ਵਿੱਚ ਆਉਂਦੇ ਮਾਪਿਆਂ ਨੂੰ ਵੋਟ ਦੀ ਮੱਹਤਤਾ ਪ੍ਰਤੀ ਜਾਗਰੂਕ ਕੀਤਾ ਜਾਵੇ।

---

ਗੁਰਦਾਸਪੁਰ ਲੋਕ ਸਭਾ ਹਲਕੇ ਤੋਂ ਬੀਜੇਪੀ ਉਮੀਦਵਾਰ ਦਿਨੇਸ਼ ਬੱਬੂ ਨੇ ਕਲ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਨਾਲ ਇਕ ਮੀਟਿੰਗ ਕੀਤੀ ਅਤੇ ਵਰਕਰਾਂ ਨੂੰ ਬੂਥ ਲੈਵਲ ਤੱਕ ਦੀਆਂ ਤਿਆਰੀਆਂ ਕਰਨ ਦੀਆਂ ਹਿਦਾਇਤਾਂ ਦਿੱਤੀਆਂ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਪਿਛਲੇ 10 ਸਾਲਾਂ ਦੌਰਾਨ ਲਏ ਗਏ ਲੋਕ ਹਿੱਤ ਦੇ ਫੈਸਲਿਆਂ ਤੋਂ ਪੰਜਾਬ ਸਮੇਤ ਦੇਸ਼ਭਰ ਦੇ ਲੋਕ ਬਹੁਤ ਖੁਸ਼।